# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 19:30

**ਮਿਤੀ :18-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਬ੍ਰਿਕਸ ਵਾਤਾਵਰਣ ਮੰਤਰੀਆਂ ਦੀ 12ਵੀਂ ਮੀਟਿੰਗ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਹੋਈ।

- ਸੁਪਰੀਮ ਕੋਰਟ ਨੇ ਅੱਜ ਕਿਹਾ -ਦਿੱਲੀ ਵਿੱਚ ਹਾਲ ਹੀ ਵਿੱਚ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਖਿਲਾਫ ਕਥਿਤ ਪੁਲਿਸ ਕਾਰਵਾਈ ਅਤੇ ਪੁਲਿਸ ਮੁਲਾਜ਼ਮਾਂ ਖਿਲਾਫ ਹਿੰਸਾ ਦੇ ਇਲਜ਼ਾਮਾਂ ਦੀ ਜਾਂਚ ਲਈ, ਇੱਕ ਉੱਚ-ਪੱਧਰੀ ਕਮੇਟੀ ਕਾਇਮ ਕੀਤੀ ਜਾਵੇਗੀ ।

- ਹਰਿਆਣਾ ਪੁਲਿਸ ਨੇ ਇੱਕ ਅੰਤਰ-ਰਾਜੀ ਬਾਲ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਮੁੱਖ ਮੁਲਜ਼ਮ ਪ੍ਰਗਟ ਸਿੰਘ ਨੂੰ ਮੁਕਤਸਰ ਤੋਂ ਗ੍ਰਿਫ਼ਤਾਰ ਕੀਤਾ।

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਦੇਸ਼ ਵਿੱਚ,ਆਲਮੀ ਬਾਜ਼ਾਰ ਦੇ ਮਿਆਰਾਂ 'ਤੇ ਖਰੇ ਉਤਰਨ ਵਾਲੇ ਖੇਤੀਬਾੜੀ ਉਤਪਾਦ ਤਿਆਰ ਕੀਤੇ ਜਾਣੇ ਚਾਹੀਦੇ ਨੇ।

- ਭਾਰਤ ਦੀ ਵਿਲੱਖਣ ਪਛਾਣ ਅਥਾਰਟੀ ਨੇ 2 ਕਰੋੜ ਤੋਂ ਵੱਧ ਬੱਚਿਆਂ ਦੇ ਆਧਾਰ ਬਾਇਓਮੈਟ੍ਰਿਕਸ ਨੂੰ ਅੱਪਡੇਟ ਕਰਕੇ ਇੱਕ ਵੱਡੀ ਉਪਲਬਧੀ ਹਾਸਿਲ ਕੀਤੀ ।

- ਕ੍ਰਿਕੇਟ ਵਿੱਚ, ਸ੍ਰੀਲੰਕਾ ਨੇ ਭਾਰਤ ਖਿਲਾਫ ਗੌਲ ਵਿਖੇ ਖੇਡੇ ਜਾ ਰਹੇ ਪਹਿਲੇ ਟੈਸਟ ਮੈਚ ਦੇ ਚੌਥੇ ਦਿਨ ਦੀ ਖੇਡ ਖਤਮ ਹੋਣ ਤੱਕ, ਆਪਣੀ ਦੂਜੀ ਪਾਰੀ ਵਿੱਚ, 4 ਵਿਕਟਾਂ ਦੇ ਨੁਕਸਾਨ 'ਤੇ 84 ਦੌੜਾਂ ਬਣਾਈਆਂ।

*ਹੁਣ ਖਬਰਾਂ ਵਿਸਥਾਰ ਨਾਲ*

ਬ੍ਰਿਕਸ ਵਾਤਾਵਰਣ ਮੰਤਰੀਆਂ ਦੀ 12ਵੀਂ ਮੀਟਿੰਗ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਹੋਈ। ਇਹ ਮੀਟਿੰਗ ਮੈਂਬਰ ਦੇਸ਼ਾਂ ਦੇ ਮੰਤਰੀਆਂ, ਸੀਨੀਅਰ ਅਧਿਕਾਰੀਆਂ, ਨੀਤੀ ਨਿਰਮਾਤਾਵਾਂ ਅਤੇ ਮਾਹਰਾਂ ਨੂੰ ਅਰਥਪੂਰਨ ਵਿਚਾਰ-ਵਟਾਂਦਰੇ ਵਿੱਚ ਸ਼ਾਮਲ ਹੋਣ, ਸਹਿਮਤੀ ਬਣਾਉਣ ਅਤੇ ਵਾਤਾਵਰਣ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਇੱਕ ਮੰਚ ਪ੍ਰਦਾਨ

ਕਰਦੀ ਏ। ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਕੇਂਦਰੀ ਮੰਤਰੀ, ਭੁਪੇਂਦਰ ਯਾਦਵ ਨੇ ਇਸ ਮੀਟਿੰਗ ਦੀ ਪ੍ਰਧਾਨਗੀ ਕੀਤੀ। ਭਾਰਤ ਦੀ ਬ੍ਰਿਕਸ ਪ੍ਰਧਾਨਗੀ 2026 ਦਾ ਵਿਸ਼ਾ- ਲਚਕੀਲਾਪਣ, ਨਵੀਨਤਾ, ਸਹਿਯੋਗ ਅਤੇ ਸਥਿਰਤਾ ਲਈ ਨਿਰਮਾਣ-ਰੱਖਿਆ ਗਿਆ ਏ।

ਮੀਟਿੰਗ ਨੂੰ ਸੰਬੋਧਨ ਕਰਦਿਆਂ, ਸ੍ਰੀ ਯਾਦਵ ਨੇ ਮਨੁੱਖਤਾ ਨੂੰ ਪਹਿਲ ਦਿੰਦਿਆਂ, ਇੱਕ ਨਿਰੰਤਰ ਰਹਿਣਯੋਗ ਧਰਤੀ ਦੇ ਨਿਰਮਾਣ ਦੀ ਦਿਸ਼ਾ ਵਿੱਚ ਨੀਤੀ, ਤਕਨਾਲੋਜੀ ਅਤੇ ਜਨ-ਹਿੱਸੇਦਾਰੀ ਨੂੰ ਆਪਸ ਵਿੱਚ ਜੋੜਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

**BYTE: BHUPENDRA YADAV**

ਉਨ੍ਹਾਂ ਕਿਹਾ ਕਿ ਭਾਰਤ ਨੇ 2005 ਅਤੇ 2022 ਵਿਚਕਾਰ ਆਪਣੀ ਪ੍ਰਦੂਸ਼ਣ ਨਿਕਾਸੀ ਦੀ ਤੀਬਰਤਾ ਵਿੱਚ, 37 ਫੀਸਦੀ ਤੋਂ ਵੱਧ ਦੀ ਕਮੀ ਲਿਆਂਦੀ ਏ। ਸ੍ਰੀ ਯਾਦਵ ਨੇ ਇਸ ਗੱਲ ਦਾ ਜ਼ਿਕਰ ਕੀਤਾ ਕਿ, ਭਾਰਤ ਦੀ ਕੁੱਲ ਬਿਜਲੀ ਸਮਰੱਥਾ ਦਾ ਅੱਧੇ ਤੋਂ ਵੱਧ ਹਿੱਸਾ, ਹੁਣ ਸਾਫ਼-ਸੁਥਰੇ ਸਰੋਤਾਂ ਤੋਂ ਪ੍ਰਾਪਤ ਹੁੰਦਾ ਏ। ਉਨ੍ਹਾਂ ਕਿਹਾ ਕਿ ਭਾਰਤ ਇੱਕ ਖੁੱਲ੍ਹੇ, ਉਸਾਰੂ ਅਤੇ ਸਹਿਮਤੀ-ਅਧਾਰਿਤ ਸੰਵਾਦ ਨੂੰ ਉਤਸ਼ਾਹਿਤ ਕਰਨ ਲਈ, ਵਚਨਬੱਧ ਏ ਅਤੇ ਸਾਰੇ ਮੈਂਬਰ ਦੇਸ਼ਾਂ ਦੇ ਦ੍ਰਿਸ਼ਟੀਕੋਣ ਤੇ ਯੋਗਦਾਨ ਨੂੰ ਬਹੁਤ ਮਹੱਤਵ ਦਿੰਦਾ ਏ।

---

ਸੁਪਰੀਮ ਕੋਰਟ ਨੇ ਅੱਜ ਕਿਹਾ ਏ ਕਿ ਦਿੱਲੀ ਵਿੱਚ ਹਾਲ ਹੀ ਵਿੱਚ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਖਿਲਾਫ ਕਥਿਤ ਪੁਲਿਸ ਕਾਰਵਾਈ ਅਤੇ ਪੁਲਿਸ ਮੁਲਾਜ਼ਮਾਂ ਖਿਲਾਫ ਹਿੰਸਾ ਦੇ ਇਲਜ਼ਾਮਾਂ ਦੀ ਜਾਂਚ ਲਈ, ਇੱਕ ਉੱਚ-ਪੱਧਰੀ ਕਮੇਟੀ ਦਾ ਗਠਨ ਕੀਤਾ ਜਾਵੇਗਾ। ਕਮੇਟੀ ਵਿੱਚ ਸੁਪਰੀਮ ਕੋਰਟ ਅਤੇ ਹਾਈ ਕੋਰਟ ਦੇ ਸੇਵਾ-ਮੁਕਤ ਜੱਜਾਂ ਤੋਂ ਇਲਾਵਾ ਪੁਲਿਸ ਦੇ ਸਾਬਕਾ ਡਾਇਰੈਕਟਰ ਜਨਰਲ ਅਤੇ CBI ਦੇ ਸਾਬਕਾ ਡਾਇਰੈਕਟਰ ਸ਼ਾਮਲ ਹੋਣਗੇ। ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਕਿਹਾ ਏ ਕਿ, ਵੱਖ-ਵੱਖ ਧਿਰਾਂ ਤੋਂ ਸੁਝਾਅ ਪ੍ਰਾਪਤ ਹੋਣ ਤੋਂ ਬਾਅਦ, ਕਮੇਟੀ ਦੇ ਬਾਕੀ ਮੈਂਬਰਾਂ ਦੇ ਨਾਵਾਂ ਬਾਰੇ ਨਿਰਦੇਸ਼ ਕੱਲ੍ਹ ਜਾਰੀ ਕੀਤੇ ਜਾਣਗੇ। ਕਮੇਟੀ ਤੱਥਾਂ ਦੀ ਜਾਂਚ ਕਰੇਗੀ ਅਤੇ ਉਸ ਨੂੰ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਅਦਾਲਤ ਨੇ ਕਿਹਾ ਕਿ 20 ਜੁਲਾਈ ਨੂੰ ਦਿੱਲੀ ਵਿੱਚ ਸੰਸਦ ਮਾਰਚ ਦੌਰਾਨ ਹੋਈ ਹਿੰਸਾ ਨਾਲ ਸਬੰਧਤ ਵੀਡੀਓ ਫੁਟੇਜ ਅਤੇ ਸੀ.ਸੀ.ਟੀ.ਵੀ ਰਿਕਾਰਡਿੰਗ, ਕਮੇਟੀ ਨੂੰ ਸੌਂਪੀਆਂ ਜਾਣਗੀਆਂ। ਸੁਪਰੀਮ ਕੋਰਟ, 'ਕਾਕਰੋਚ ਜਨਤਾ ਪਾਰਟੀ' (CJP) ਦੀ ਅਗਵਾਈ ਹੇਠ ਹੋਏ ਪ੍ਰਦਰਸ਼ਨ ਦੌਰਾਨ, ਪੁਲਿਸ ਦੀਆਂ ਵਧੀਕੀਆਂ ਅਤੇ ਪੁਲਿਸ ਮੁਲਾਜ਼ਮਾਂ ਖਿਲਾਫ ਹਿੰਸਾ ਦੇ ਇਲਜ਼ਾਮਾਂ ਨਾਲ ਸਬੰਧਤ ਪਟੀਸ਼ਨਾਂ 'ਤੇ ਸੁਣਵਾਈ ਕਰ ਰਹੀ ਸੀ।

---

ਹਰਿਆਣਾ ਪੁਲਿਸ ਨੇ ਪੰਜਾਬ ਸਥਿਤ ਪਰਿਵਾਰਕ ਮੈਂਬਰਾਂ ਅਤੇ ਉਨ੍ਹਾਂ ਦੇ ਸਾਥੀਆਂ ਦੇ ਇੱਕ ਅੰਤਰ-ਰਾਜੀ ਬਾਲ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਇਸਦੇ ਦੇ ਸਰਗਨਾ ਪ੍ਰਗਟ ਸਿੰਘ ਨੂੰ ਪੰਜਾਬ ਦੇ ਮੁਕਤਸਰ ਤੋਂ ਗ੍ਰਿਫ਼ਤਾਰ ਕੀਤਾ ਏ।

ਪੁਲਿਸ ਵੱਲੋਂ ਹੁਣ ਤੱਕ ਇਕੱਤਰ ਕੀਤੀ ਗਈ ਜਾਣਕਾਰੀ ਮੁਤਾਬਿਕ ਇਸ ਨੈੱਟਵਰਕ ਨੇ ਪੂਰੇ ਭਾਰਤ ਵਿੱਚ 50 ਬੱਚਿਆਂ ਨੂੰ ਵੇਚਿਆ ਏ। ਇਸ ਕਾਰਵਾਈ ਦੀ ਅਗਵਾਈ ਕਾਰਨ ਵਾਲੇ ਹਰਿਆਣਾ 'ਚ ਬਹਾਦਰਗੜ੍ਹ ਦੇ ਡਿਪਟੀ ਕਮਿਸ਼ਨਰ ਆਫ਼ ਪੁਲਿਸ ਮਯੰਕ ਮਿਸ਼ਰਾ ਨੇ ਜਲੰਧਰ ਤੋਂ ਸਾਡੇ ਪਤਰਕਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਚਾਰ ਮਹੀਨਿਆਂ ਤੋਂ ਵੱਧ ਸਮੇਂ ਤਕ ਪਿੱਛਾ ਕਰਨ ਤੋਂ ਬਾਅਦ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ।

ਸ੍ਰੀ ਮਿਸ਼ਰਾ ਨੇ ਕਿਹਾ ਕਿ ਹੁਣ ਤੱਕ 21 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਜੋ ਨੈੱਟਵਰਕ ਵਿੱਚ ਸ਼ਾਮਲ ਸਨ, ਜਿਨ੍ਹਾਂ ਵਿੱਚ 5 ਮਾਪੇ ਵੀ ਸ਼ਾਮਲ ਨੇ ਜਿਨ੍ਹਾਂ ਨੇ ਬੱਚਿਆਂ ਨੂੰ ਗੈਰ-ਕਾਨੂੰਨੀ ਢੰਗ ਨਾਲ ਗੋਦ ਲਿਆ ਸੀ।

ਇਹ ਨੈੱਟਵਰਕ ਬੱਚਿਆਂ ਦੀ ਖਰੀਦ ਅਤੇ ਵਿਕਰੀ ਵਿੱਚ ਸ਼ਾਮਲ ਸੀ ਅਤੇ ਇਸ ਦੇ ਸਬੰਧ ਪੰਜਾਬ ਤੋਂ ਮਹਾਰਾਸ਼ਟਰ, ਗੁਜਰਾਤ ਅਤੇ ਸਿਲੀਗੁੜੀ ਸਮੇਤ 10 ਤੋਂ ਵੱਧ ਸੂਬਿਆਂ ਵਿੱਚ ਫੈਲੇ ਹੋਏ ਹਨ।

ਡੀਸੀਪੀ ਨੇ ਕਿਹਾ ਕਿ ਹੋਰ ਜਾਂਚ ਜਾਰੀ ਏ ਅਤੇ ਪੁਲਿਸ ਬੱਚਿਆਂ ਦੇ ਅਸਲ ਮਾਪਿਆਂ ਦਾ ਵੀ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਏ।

----------------------------------------------------

ਭਾਰਤ ਸਰਕਾਰ ਦੇ 'ਡਿਜੀਟਲ ਇੰਡੀਆ' ਦੇ ਵਿਜ਼ਨ ਅਤੇ ਨਾਗਰਿਕਾਂ ਦੇ 'ਜੀਵਨ ਨੂੰ ਸੁਖਾਲਾ ਬਣਾਉਣ' ਪ੍ਰਤੀ ਆਪਣੀ ਵਚਨਬੱਧਤਾ ਦੇ ਹਿੱਸੇ ਵਜੋਂ, ਭਾਰਤੀ ਸ਼ਾਹਰਾਹ ਅਥਾਰਟੀ (NHAI) ਨੇ ਦੇਸ਼ ਭਰ ਦੇ 121 ਟੋਲ ਪਲਾਜ਼ਿਆਂ 'ਤੇ ਇੱਕ ਆਨਲਾਈਨ FASTag 'ਲੋਕਲ ਪਾਸ' ਦੀ ਸਹੂਲਤ ਸ਼ੁਰੂ ਕੀਤੀ ਏ। ਇਨ੍ਹਾਂ ਵਿੱਚੋਂ ਛੇ ਪੰਜਾਬ ਵਿੱਚ ਨੇ।

ਇਨ੍ਹਾਂ 'ਚ ਮੁਕਤਸਰ ਦਾ ਅਬੁਲ ਖੁਰਾਣਾ, ਨਵਾਂ ਸ਼ਹਿਰ 'ਚ ਬੱਚਵਾਂ, ਲੁਧਿਆਣਾ 'ਚ ਚੌਕੀਮਾਨ ਤੇ ਚਾਹਰ ਅਤੇ ਅੰਮ੍ਰਿਤਸਰ 'ਚ ਨਿੱਜਰਪੁਰਾ ਅਤੇ ਉਸਮਾਨ ਸ਼ਾਮਲ ਨੇ। ਸਿਰਫ਼ ਉਹ ਵਸਨੀਕ ਹੀ ਇਸ ਸਹੂਲਤ ਲਈ ਅਰਜ਼ੀ ਦੇ ਸਕਦੇ ਨੇ, ਜੋ ਕਿਸੇ ਯੋਗ ਟੋਲ ਪਲਾਜ਼ਾ ਦੇ 20 ਕਿਲੋਮੀਟਰ ਦੇ ਘੇਰੇ ਵਿੱਚ ਰਹਿੰਦੇ ਨੇ। ਇਹ ਸਹੂਲਤ ਯੋਗ ਮੁਸਾਫ਼ਰਾਂ ਨੂੰ ਇੱਕ ਮਹੀਨੇ ਲਈ ਸਬੰਧਤ ਟੋਲ ਪਲਾਜ਼ਿਆਂ ਰਾਹੀਂ, ਅਸੀਮਤ ਯਾਤਰਾ ਦੀ ਇਜਾਜ਼ਤ ਦਿੰਦੀ ਏ।

ਆਨਲਾਈਨ ਲੋਕਲ ਪਾਸ ਦੀ ਸਹੂਲਤ, ਯੋਗ ਮੁਸਾਫ਼ਰਾਂ ਨੂੰ ਟੋਲ ਪਲਾਜ਼ਿਆਂ 'ਤੇ ਜਾਣ ਤੋਂ ਬਿਨ੍ਹਾਂ ਜਾਂ ਸਹਾਇਕ ਦਸਤਾਵੇਜ਼ਾਂ ਨੂੰ ਹੱਥੀਂ ਜਮ੍ਹਾਂ ਕਰਵਾਏ ਬਿਨਾਂ, 'ਰਾਜਮਾਰਗ-ਯਾਤਰਾ' ਮੋਬਾਈਲ ਐਪ ਰਾਹੀਂ, ਮਹੀਨਾਵਾਰ ਲੋਕਲ ਪਾਸ ਲੈਣ ਦੇ ਯੋਗ ਬਣਾਉਂਦੀ ਏ।

---------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ, ਦੇਸ਼ ਵਿੱਚ,ਆਲਮੀ ਬਾਜ਼ਾਰ ਦੇ ਮਿਆਰਾਂ 'ਤੇ ਖਰੇ ਉਤਰਨ ਵਾਲੇ ਖੇਤੀਬਾੜੀ ਉਤਪਾਦ ਤਿਆਰ ਕੀਤੇ ਜਾਣੇ ਚਾਹੀਦੇ ਨੇ।

ਉਨ੍ਹਾਂ ਕਿਹਾ ਕਿ ਇਸ ਲਈ, ਕਿਸਾਨਾਂ ਨੂੰ ਆਧੁਨਿਕ ਤਕਨਾਲੋਜੀ ਅਤੇ ਨਵੇਂ ਖੇਤੀਬਾੜੀ ਉਪਕਰਣਾਂ ਬਾਰੇ ਜਾਣਕਾਰੀ ਦੇਣੀ ਜ਼ਰੂਰੀ ਏ। ਸ੍ਰੀ ਚੌਹਾਨ ਅੱਜ ਨਵੀਂ ਦਿੱਲੀ ਵਿੱਚ, ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ, ICAR ਦੀ 97ਵੀਂ ਸਾਲਾਨਾ ਆਮ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੇਤੀਬਾੜੀ ਉਤਪਾਦਾਂ ਨੂੰ ਖੇਤਾਂ ਤੋਂ ਆਲਮੀ ਬਾਜ਼ਾਰ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ ਏ।

ਸ਼੍ਰੀ ਚੌਹਾਨ ਨੇ ਭਾਰਤ ਦੇ ਖੇਤੀਬਾੜੀ ਖੇਤਰ ਦੀ ਪ੍ਰਗਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ, ਕਿਹਾ ਕਿ ਕਣਕ ਅਤੇ ਚੌਲਾਂ ਦਾ ਸਾਲਾਨਾ ਉਤਪਾਦਨ, ਕਰੀਬ ਦੁੱਗਣਾ ਹੋ ਗਿਆ ਏ। ਉਨ੍ਹਾਂ ਨੇ ਖੇਤੀਬਾੜੀ ਖੇਤਰ ਵਿੱਚ ਤਬਦੀਲੀ ਲਿਆਉਣ ਵਿੱਚ ਕਿਸਾਨਾਂ ਅਤੇ ਖੇਤੀਬਾੜੀ ਵਿਗਿਆਨੀਆਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਖੇਤੀਬਾੜੀ ਸੁਧਾਰਾਂ ਦਾ ਜ਼ਿਕਰ ਕਰਦਿਆਂ, ਸ੍ਰੀ ਚੌਹਾਨ ਨੇ ਜਲਵਾਯੂ-ਅਨੁਕੂਲ ਬੀਜਾਂ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ICAR ਨੂੰ ਇਸ ਦਿਸ਼ਾ ਵਿੱਚ ਖੋਜ ਕਰਨ ਅਤੇ ਰਾਜਾਂ ਤੋਂ ਮਿਲੇ ਸੁਝਾਵਾਂ ਦੇ ਆਧਾਰ 'ਤੇ ਖੋਜ ਨੂੰ ਅੱਗੇ ਵਧਾਉਣ ਲਈ ਕਿਹਾ।

-------------------------------------------

ਭਾਰਤ ਦੀ ਵਿਲੱਖਣ ਪਛਾਣ ਅਥਾਰਟੀ (UIDAI) ਨੇ ਬੱਚਿਆਂ ਦੇ ਆਧਾਰ ਬਾਇਓਮੈਟ੍ਰਿਕਸ ਨੂੰ ਅੱਪਡੇਟ ਕਰਨ ਦੀ ਆਪਣੀ ਮੁਹਿੰਮ ਵਿੱਚ ਇੱਕਵਾਦੀ ਉਪਲਬਧੀ ਹਾਸਿਲ ਕੀਤੀ ਏ।

ਹੁਣ ਤੱਕ, ਦੇਸ਼ ਭਰ ਵਿੱਚ 2 ਕਰੋੜ ਤੋਂ ਵੱਧ ਬੱਚਿਆਂ ਦੇ ਬਾਇਓਮੈਟ੍ਰਿਕ ਅੱਪਡੇਟ ਕੀਤੇ ਜਾ ਚੁਕੇ ਨੇ। ਇਹ ਵਿਸ਼ੇਸ਼ ਮੁਹਿੰਮ ਪਿਛਲੇ ਸਾਲ ਸਤੰਬਰ ਵਿੱਚ ਸ਼ੁਰੂ ਕੀਤੀ ਗਈ ਸੀ। ਇਸ ਮੁਹਿੰਮ ਦੇ ਤਹਿਤ, ਇਕ ਲਖ 56 ਹਜ਼ਾਰ ਤੋਂ ਵੱਧ ਸਕੂਲਾਂ ਦੇ ਬੱਚਿਆਂ ਨੂੰ ਆਪਣੇ ਆਧਾਰ ਬਾਇਓਮੈਟ੍ਰਿਕਸ ਨੂੰ ਅੱਪਡੇਟ ਕਰਨ ਦੀ ਸਹੂਲਤ ਪ੍ਰਦਾਨ ਕੀਤੀ ਗਈ ਸੀ। ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਆਧਾਰ ਵਿੱਚ ਸਿਰਫ਼ ਨਾਮ, ਪਤਾ ਅਤੇ ਫੋਟੋ ਦਰਜ ਕੀਤੀ ਜਾਂਦੀ ਹੈ।

ਪੰਜ ਸਾਲ ਦੀ ਉਮਰ ਦੇ ਬੱਚਿਆਂ ਲਈ ਅਤੇ ਫਿਰ 15 ਸਾਲ ਦੀ ਉਮਰ ਦੇ ਬੱਚਿਆਂ ਲਈ ਬਾਇਓਮੈਟ੍ਰਿਕ ਅੱਪਡੇਟ ਲਾਜ਼ਮੀ ਹਨ। ਬੱਚਿਆਂ ਦੀ ਸਹੂਲਤ ਲਈ, 1 ਅਕਤੂਬਰ, 2025 ਤੋਂ ਇੱਕ ਸਾਲ ਲਈ 7 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਲਈ ਬਾਇਓਮੈਟ੍ਰਿਕ ਅੱਪਡੇਟ ਦੀ ਫੀਸ ਮੁਆਫ਼ ਕਰ ਦਿੱਤੀ ਗਈ ਏ। ਸਰਕਾਰ ਦੇ ਅਨੁਸਾਰ, ਸਮੇਂ ਸਿਰ ਆਪਣੇ ਬਾਇਓਮੈਟ੍ਰਿਕਸ ਨੂੰ ਅੱਪਡੇਟ ਕਰਨ ਵਿੱਚ ਅਸਫਲ ਰਹਿਣ ਨਾਲ ਸਰਕਾਰੀ ਯੋਜਨਾਵਾਂ, ਮੁਕਾਬਲੇ ਦੀਆਂ ਪ੍ਰੀਖਿਆਵਾਂ ਅਤੇ ਯੂਨੀਵਰਸਿਟੀ ਰਜਿਸਟ੍ਰੇਸ਼ਨ ਦੌਰਾਨ ਆਧਾਰ ਤਸਦੀਕ ਵਿੱਚ ਮੁਸ਼ਕਲਾਂ ਆ ਸਕਦੀਆਂ ਨੇ।

---------------------------------------------------

ਫੌਜ ਦੇ ਉਪ ਮੁਖੀ, ਲੈਫਟੀਨੈਂਟ ਜਨਰਲ ਰਾਹੁਲ ਆਰ. ਸਿੰਘ ਨੇ ਕਿਹਾ ਏ ਕਿ ਜੰਗ ਦੀ ਬਦਲਦੀ ਪ੍ਰਕਿਰਤੀ ਨੇ ਹਥਿਆਰਬੰਦ ਬਲਾਂ ਲਈ ਉੱਭਰ ਰਹੀਆਂ ਤਕਨਾਲੋਜੀਆਂ ਨੂੰ ਤੇਜ਼ੀ ਨਾਲ ਅਪਣਾਉਣ ਅਤੇ ਏਕੀਕ੍ਰਿਤ ਕਰਨ ਨੂੰ ਜ਼ਰੂਰੀ ਬਣਾ ਦਿੱਤਾ ਏ ।

ਉਨ੍ਹਾਂ ਅੱਜ ਨਵੀਂ ਦਿੱਲੀ ਵਿੱਚ ਨਿਗਰਾਨੀ ਅਤੇ ਇਲੈਕਟ੍ਰੋ-ਆਪਟਿਕਸ 'ਤੇ ਭਾਰਤੀ ਫੌਜੀ ਸਮੀਖਿਆ ਨੂੰ ਸੰਬੋਧਨ ਕੀਤਾ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਜ਼ਿਕਰ ਕੀਤਾ ਕਿ ਜੰਗ ਵਿੱਚ ਖਾਸ ਕਰਕੇ 2020 ਤੋਂ ਤੇਜ਼ੀ ਨਾਲ ਤਬਦੀਲੀ ਆਈ ਏ । ਉਨ੍ਹਾਂ ਕਿਹਾ ਕਿ ਡਿਜੀਟਲ ਸੰਚਾਰ, ਇਲੈਕਟ੍ਰਾਨਿਕ ਜੰਗ ਸਾਈਬਰ ਸੰਚਾਲਨ, ਅਤੇ ਨੈੱਟਵਰਕ- ਅਤੇ ਕਲਾਉਡ-ਅਧਾਰਤ ਸਥਿਤੀ ਸੰਬੰਧੀ ਜਾਗਰੂਕਤਾ ਆਧੁਨਿਕ ਫੌਜੀ ਕਾਰਵਾਈਆਂ ਦੇ ਮਹੱਤਵਪੂਰਨ ਹਿੱਸਿਆਂ ਵਜੋਂ ਉਭਰੇ ਹਨ। ਉਨ੍ਹਾਂ ਕਿਹਾ ਕਿ ਨਿਗਰਾਨੀ ਇੱਕ ਬਹੁ-ਪੱਧਰੀ ਢਾਂਚੇ ਵਿੱਚ ਵਿਕਸਤ ਹੋਈ ਏ ਜਿਸ ਵਿੱਚ ਪੁਲਾੜ-ਅਧਾਰਤ ਸੰਪਤੀਆਂ, ਹਵਾਈ ਪਲੇਟਫਾਰਮ, ਮਨੁੱਖ ਰਹਿਤ ਹਵਾਈ ਵਾਹਨ, ਸਿਗਨਲ ਅਤੇ ਮਨੁੱਖੀ ਬੁੱਧੀ, ਅਤੇ ਸਮੁੰਦਰੀ ਪ੍ਰਣਾਲੀਆਂ ਸ਼ਾਮਲ ਹਨ। ਉਨ੍ਹਾਂ ਨੇ ਡਰੋਨ ਕ੍ਰਾਂਤੀ ਨੂੰ 2020 ਤੋਂ ਬਾਅਦ ਜੰਗ ਵਿੱਚ ਸਭ ਤੋਂ ਮਹੱਤਵਪੂਰਨ ਵਿਕਾਸਾਂ ਵਿੱਚੋਂ ਇੱਕ ਦੱਸਿਆ। ਲੈਫਟੀਨੈਂਟ ਜਨਰਲ ਨੇ ਜ਼ੋਰ ਦੇ ਕੇ ਕਿਹਾ ਕਿ ਚੁਣੌਤੀ ਸਿਰਫ਼ ਡਰੋਨ ਚਲਾਉਣਾ ਨਹੀਂ ਏ ਸਗੋਂ ਇੱਕ

ਵਿਆਪਕ ਸੰਚਾਲਨ ਪ੍ਰਣਾਲੀ ਦੇ ਹਿੱਸੇ ਵਜੋਂ ਉਨ੍ਹਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਏਕੀਕ੍ਰਿਤ ਅਤੇ ਪ੍ਰਬੰਧਨ ਕਰਨਾ ਏ ।

ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ, ਹਵਾਈ ਸੈਨਾ ਮੁਖੀ ਏਅਰ ਮਾਰਸ਼ਲ ਤੇਜਪਾਲ ਸਿੰਘ ਨੇ ਜ਼ਮੀਨ, ਸਮੁੰਦਰ, ਹਵਾ, ਪੁਲਾੜ ਅਤੇ ਸਾਈਬਰ ਡੋਮੇਨਾਂ ਵਿੱਚ ਕਾਰਜਸ਼ੀਲ ਉੱਤਮਤਾ ਪ੍ਰਾਪਤ ਕਰਨ ਲਈ ਇੱਕ ਏਕੀਕ੍ਰਿਤ ਅਤੇ ਨੈੱਟਵਰਕ-ਕੇਂਦ੍ਰਿਤ ਪਹੁੰਚ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨਿਗਰਾਨੀ, ਸੁਰੱਖਿਅਤ ਸੰਚਾਰ ਅਤੇ ਪ੍ਰਭਾਵਸ਼ਾਲੀ ਫੈਸਲਾ ਲੈਣ ਨੂੰ ਇੱਕ ਏਕੀਕ੍ਰਿਤ ਪ੍ਰਣਾਲੀ ਵਜੋਂ ਕੰਮ ਕਰਨਾ ਚਾਹੀਦਾ ਏ । ਏਅਰ ਮਾਰਸ਼ਲ ਤੇਜਪਾਲ ਸਿੰਘ ਨੇ ਕਾਰਜਸ਼ੀਲ ਚੁਣੌਤੀਆਂ ਨੂੰ ਸਪਸ਼ਟ ਤੌਰ 'ਤੇ ਪਰਿਭਾਸ਼ਿਤ ਕਰਨ ਅਤੇ ਲੜਾਈ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਲਈ ਉਦਯੋਗ ਅਤੇ ਅਕਾਦਮਿਕ ਸੰਸਥਾਵਾਂ ਨਾਲ ਨੇੜਲੇ ਸਹਿਯੋਗ ਨੂੰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ।

---------------------------------------------------------------

ਸਰਕਾਰ ਨੇ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੇ ਉਸ ਵੀਡੀਓ ਦਾ ਖੰਡਨ ਕੀਤਾ ਏ, ਜਿਸ ਵਿੱਚ ਦਾਅਵਾ ਕੀਤਾ ਜਾ ਰਿਹਾ ਏ ਕਿ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰੇ ਨਾਗਰਿਕਾਂ ਲਈ ਤਿੰਨ ਮਹੀਨਿਆਂ ਦੇ

ਮੁਫ਼ਤ ਰੀਚਾਰਜ ਦਾ ਐਲਾਨ ਕੀਤਾ ਏ। PIB ਦੀ ਤੱਥ-ਜਾਂਚ ਇਕਾਈ ਨੇ ਕਿਹਾ ਏ ਕਿ ਇਹ ਦਾਅਵਾ ਫਰਜ਼ੀ ਏ ਅਤੇ ਵਾਇਰਲ ਵੀਡੀਓ, A.I. ਦੀ ਵਰਤੋਂ ਨਾਲ ਬਣਾਇਆ ਗਿਆ ਏ। ਇਕਾਈ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਅਜਿਹੀ ਕਿਸੇ ਵੀ ਯੋਜਨਾ ਦਾ ਸਮਰਥਨ ਨਹੀਂ ਕੀਤਾ ਏ। ਸਰਕਾਰ ਨੇ ਨਾਗਰਿਕਾਂ ਨੂੰ ਕੇਂਦਰੀ ਸਰਕਾਰ ਦੀਆਂ ਜਨ-ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਲਈ myscheme.gov.in 'ਤੇ ਜਾਣ ਦੀ ਅਪੀਲ ਕੀਤੀ ਏ।

---------------------------------------------------------

ਹਿਮਾਚਲ ਪ੍ਰਦੇਸ਼ ਦੇ ਸਿਰਮੌਰ ਜ਼ਿਲ੍ਹੇ ਦੀ ਸ਼ਿਲਾਈ ਤਹਿਸੀਲ ਵਿੱਚ, ਕਫੋਟਾ ਨੇੜੇ ਇੱਕ ਮਾਈਨਿੰਗ ਇਲਾਕੇ ਵਿੱਚ, ਜ਼ਮੀਨ ਖਿਸਕਣ ਕਾਰਨ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ ਏ।

ਇਸ ਘਟਨਾ ਦੀ ਪੁਸ਼ਟੀ ਕਰਦਿਆਂ, ਸਿਰਮੌਰ ਦੇ ਡਿਪਟੀ ਕਮਿਸ਼ਨਰ ਪ੍ਰਿਅੰਕਾ ਵਰਮਾ ਨੇ ਦੱਸਿਆ ਕਿ ਮਰਨ ਵਾਲਿਆਂ ਵਿੱਚ ਨੇਪਾਲੀ ਮੂਲ ਦੇ ਦੋ ਵਿਅਕਤੀ ਅਤੇ ਇੱਕ ਸਥਾਨਕ ਨਿਵਾਸੀ ਸ਼ਾਮਲ ਸਨ। ਘਟਨਾ ਵਾਲੀ ਥਾਂ 'ਤੇ ਰਾਹਤ ਅਤੇ ਬਚਾਅ ਕਾਰਜ ਚੱਲ ਰਹੇ ਨੇ।

ਇਸ ਦੌਰਾਨ, ਸਿਰਮੌਰ ਜ਼ਿਲ੍ਹੇ ਦੇ ਨਾਹਨ ਵਿਧਾਨ ਸਭਾ ਹਲਕੇ ਵਿੱਚ ਮਾਤਰ ਸਕੂਲ ਦੇ 52 ਵਿਦਿਆਰਥੀ ਅਤੇ 12 ਸਟਾਫ ਮੈਂਬਰ, ਭਾਰੀ ਮੀਂਹ ਕਾਰਨ ਕਈ ਘੰਟਿਆਂ ਤੋਂ ਸਕੂਲ ਵਿੱਚ ਫਸੇ ਹੋਏ ਨੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਸਥਿਤੀ 'ਤੇ ਨਜ਼ਰ ਰੱਖ ਰਿਹਾ ਏ ਅਤੇ ਬਚਾਅ

ਕਾਰਜ ਜਾਰੀ ਨੇ। ਕੁਝ ਵਿਦਿਆਰਥੀਆਂ ਨੂੰ ਪਹਿਲਾਂ ਹੀ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਏ।

-------------------------------------------------

ਭਾਰਤ ਨੇ ਇੰਡੋਨੇਸ਼ੀਆ ਵਿੱਚ ਆਏ ਭਿਆਨਕ ਭੂਚਾਲ ਕਾਰਨ ਹੋਏ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਏ।

ਅੱਜ ਸ਼ਾਮ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਭਾਰਤ ਇਸ ਦੁਖਾਂਤ ਤੋਂ ਬਹੁਤ ਦੁਖੀ ਏ ਅਤੇ ਆਪਣੀਆਂ ਜਾਨਾਂ ਗੁਆਉਣ ਵਾਲਿਆਂ ਪ੍ਰਤੀ ਸੰਵੇਦਨਾ ਪ੍ਰਗਟ ਕਰਦਾ ਏ। ਉਨ੍ਹਾਂ ਕਿਹਾ ਕਿ ਭਾਰਤ ਜ਼ਖਮੀਆਂ ਦੇ ਛੇਤੀ ਠੀਕ ਹੋਣ ਅਤੇ ਬਚਾਅ ਤੇ ਰਾਹਤ ਕਾਰਜਾਂ ਵਿੱਚ ਲੱਗੇ ਲੋਕਾਂ ਦੀ ਸੁਰੱਖਿਆ ਲਈ ਦੀ ਵੀ ਕਾਮਨਾ ਕਰਦਾ ਏ। ਸ੍ਰੀ ਜੈਸਵਾਲ ਨੇ ਕਿਹਾ ਕਿ ਇਸ ਮੁਸ਼ਕਲ ਘੜੀ ਵਿੱਚ ਭਾਰਤ, ਇੰਡੋਨੇਸ਼ੀਆ ਦੇ ਨਾਲ ਖੜ੍ਹਾ ਏ। ਉਨ੍ਹਾਂ ਕਿਹਾ ਕਿ ਭਾਰਤ, ਰਾਹਤ ਅਤੇ ਬਚਾਅ ਕਾਰਜਾਂ ਵਿੱਚ ਹਰ ਸੰਭਵ ਮਦਦ ਪ੍ਰਦਾਨ ਕਰਨ ਲਈ ਵਚਨਬੱਧ ਏ।

-------------------------------------------------

ਪਾਕਿਸਤਾਨ ਦੀ ਸੁਪਰੀਮ ਕੋਰਟ ਨੇ ਅੱਜ ਅਧਿਕਾਰੀਆਂ ਨੂੰ, ਜੇਲ੍ਹ ਵਿੱਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਅਗਲੇ ਕੁਝ ਦਿਨਾਂ ਦੇ ਅੰਦਰ, ਵਿਆਪਕ ਡਾਕਟਰੀ ਜਾਂਚ ਲਈ, ਇਸਲਾਮਾਬਾਦ ਦੇ ਸ਼ਿਫਾ

ਅੰਤਰ-ਰਾਸ਼ਟਰੀ ਹਸਪਤਾਲ ਵਿੱਚ ਭੇਜਣ ਦੇ ਨਿਰਦੇਸ਼ ਦਿੱਤੇ ਨੇ। ਖ਼ਬਰਾਂ ਮੁਤਾਬਕ, ਸੁਪਰੀਮ ਕੋਰਟ ਦੇ ਤਿੰਨ ਮੈਂਬਰੀ ਬੈਂਚ ਨੇ ਪਾਕਿਸਤਾਨ ਤਹਿਰੀਕ-ਏ-ਇਨਸਾਫ਼ ਦੇ ਸੰਸਥਾਪਕ ਇਮਰਾਨ ਖਾਨ ਨੂੰ ਹਸਪਤਾਲ ਵਿੱਚ ਦਾਖਲ ਕਰਵਾਉਣ ਅਤੇ ਉਨ੍ਹਾਂ ਨੂੰ ਆਪਣੇ ਪਰਿਵਾਰ ਨਾਲ ਮਿਲਣ ਦੀ ਇਜਾਜ਼ਤ ਦੇਣ ਦੀ ਮੰਗ ਕਰਨ ਵਾਲੀਆਂ ਕਈ ਪਟੀਸ਼ਨਾਂ ਦੀ ਸੁਣਵਾਈ ਕਰਦੇ ਹੋਏ ਇਹ ਨਿਰਦੇਸ਼ ਦਿੱਤੇ।

-----------------------------------------------------

ਸਰਕਾਰ ਨੇ ਰਾਸ਼ਟਰੀ ਖੇਡ ਪੁਰਸਕਾਰ 2025 ਦਾ ਐਲਾਨ ਕਰ ਦਿੱਤਾ ਏ।

ਭਾਰਤ ਦੀ ਮਹਿਲਾ ਬੈਡਮਿੰਟਨ ਡਬਲਜ਼ ਜੋੜੀ, ਟ੍ਰੀਸਾ ਜੌਲੀ ਅਤੇ ਪੱਲੇਲਾ ਗਾਇਤਰੀ ਗੋਪੀਚੰਦ, ਸਮੇਤ ਵੱਖ-ਵੱਖ ਖੇਡਾਂ ਦੇ 15 ਹੋਰ ਖਿਡਾਰੀਆਂ ਨੂੰ ਖੇਡਾਂ ਵਿੱਚ, ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ, ਅਰਜੁਨ ਪੁਰਸਕਾਰ ਦਿੱਤਾ ਜਾਵੇਗਾ।

-----------------------------------------------------

ਕ੍ਰਿਕੇਟ ਵਿੱਚ, ਸ਼੍ਰੀਲੰਕਾ ਨੇ ਭਾਰਤ ਖਿਲਾਫ ਗੌਲ ਵਿਖੇ ਖੇਡੇ ਜਾ ਰਹੇ ਪਹਿਲੇ ਟੈਸਟ ਮੈਚ ਦੇ ਚੌਥੇ ਦਿਨ ਦੀ ਖੇਡ ਖਤਮ ਹੋਣ ਤੱਕ, ਆਪਣੀ ਦੂਜੀ ਪਾਰੀ

ਵਿੱਚ, 4 ਵਿਕਟਾਂ ਦੇ ਨੁਕਸਾਨ 'ਤੇ 84 ਦੌੜਾਂ ਬਣਾ ਲਈਆਂ ਨੇ। ਭਾਰਤ ਲਈ ਮਾਨਵ ਸੁਥਾਰ ਨੇ ਦੋ ਵਿਕਟਾਂ ਲਈਆਂ।

ਇਸ ਤੋਂ ਪਹਿਲਾਂ, ਭਾਰਤ ਆਪਣੀ ਦੂਜੀ ਪਾਰੀ ਵਿੱਚ, 193 ਦੌੜਾਂ 'ਤੇ ਆਊਟ ਹੋ ਗਿਆ। ਰਿਸ਼ਭ ਪੰਤ ਨੇ 69 ਗੇਂਦਾਂ 'ਚ 66 ਦੌੜਾਂ ਦਾ ਯੋਗਦਾਨ ਪਾਇਆ।

ਕੱਲ੍ਹ, ਭਾਰਤੀ ਗੇਂਦਬਾਜ਼ਾਂ ਨੇ ਸ੍ਰੀਲੰਕਾ ਨੂੰ ਪਹਿਲੀ ਪਾਰੀ ਵਿੱਚ, 284 ਦੌੜਾਂ 'ਤੇ ਆਊਟ ਕਰ ਦਿੱਤਾ। ਭਾਰਤ ਨੇ ਆਪਣੀ ਪਹਿਲੀ ਪਾਰੀ ਵਿੱਚ, 462 ਦੌੜਾਂ ਬਣਾਈਆਂ ਸਨ।

ਲੜੀ ਦਾ ਦੂਜਾ ਅਤੇ ਆਖਰੀ ਟੈਸਟ ਮੈਚ ਇਸ ਮਹੀਨੇ ਦੀ 23 ਤਰੀਕ ਤੋਂ ਕੋਲੰਬੋ ਵਿੱਚ ਖੇਡਿਆ ਜਾਵੇਗਾ।

---------------------------------------------------

- ਬ੍ਰਿਕਸ ਵਾਤਾਵਰਣ ਮੰਤਰੀਆਂ ਦੀ 12ਵੀਂ ਮੀਟਿੰਗ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਹੋਈ।

- ਸੁਪਰੀਮ ਕੋਰਟ ਨੇ ਅੱਜ ਕਿਹਾ -ਦਿੱਲੀ ਵਿੱਚ ਹਾਲ ਹੀ ਵਿੱਚ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਖਿਲਾਫ ਕਥਿਤ ਪੁਲਿਸ ਕਾਰਵਾਈ ਅਤੇ ਪੁਲਿਸ ਮੁਲਾਜ਼ਮਾਂ ਖਿਲਾਫ ਹਿੰਸਾ ਦੇ ਇਲਜ਼ਾਮਾਂ ਦੀ ਜਾਂਚ ਲਈ, ਇੱਕ ਉੱਚ-ਪੱਧਰੀ ਕਮੇਟੀ ਕਾਇਮ ਕੀਤੀ ਜਾਵੇਗੀ ।

- ਹਰਿਆਣਾ ਪੁਲਿਸ ਨੇ ਇੱਕ ਅੰਤਰ-ਰਾਜੀ ਬਾਲ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਮੁੱਖ ਮੁਲਜ਼ਮ ਪ੍ਰਗਟ ਸਿੰਘ ਨੂੰ ਮੁਕਤਸਰ ਤੋਂ ਗ੍ਰਿਫ਼ਤਾਰ ਕੀਤਾ।

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਦੇਸ਼ ਵਿੱਚ,ਆਲਮੀ ਬਾਜ਼ਾਰ ਦੇ ਮਿਆਰਾਂ 'ਤੇ ਖਰੇ ਉਤਰਨ ਵਾਲੇ ਖੇਤੀਬਾੜੀ ਉਤਪਾਦ ਤਿਆਰ ਕੀਤੇ ਜਾਣੇ ਚਾਹੀਦੇ ਨੇ।

- ਭਾਰਤ ਦੀ ਵਿਲੱਖਣ ਪਛਾਣ ਅਥਾਰਟੀ ਨੇ 2 ਕਰੋੜ ਤੋਂ ਵੱਧ ਬੱਚਿਆਂ ਦੇ ਆਧਾਰ ਬਾਇਓਮੈਟ੍ਰਿਕਸ ਨੂੰ ਅੱਪਡੇਟ ਕਰਕੇ ਇੱਕ ਵੱਡੀ ਉਪਲਬਧੀ ਹਾਸਿਲ ਕੀਤੀ ।

- ਕ੍ਰਿਕੇਟ ਵਿੱਚ, ਸ੍ਰੀਲੰਕਾ ਨੇ ਭਾਰਤ ਖਿਲਾਫ ਗੌਲ ਵਿਖੇ ਖੇਡੇ ਜਾ ਰਹੇ ਪਹਿਲੇ ਟੈਸਟ ਮੈਚ ਦੇ ਚੌਥੇ ਦਿਨ ਦੀ ਖੇਡ ਖਤਮ ਹੋਣ ਤੱਕ, ਆਪਣੀ ਦੂਜੀ ਪਾਰੀ ਵਿੱਚ, 4 ਵਿਕਟਾਂ ਦੇ ਨੁਕਸਾਨ 'ਤੇ 84 ਦੌੜਾਂ ਬਣਾਈਆਂ।

--------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸਵੇਰੇ 8.30 ਨਮਸਕਾਰ!**